# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 15 ਅਕਤੂਬਰ 2026 ਦਿਨ ਵੀਰਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼

## ਸਰੀ ਮੇਅਰ ਦੀ ਕੁਰਸੀ ਲਈ ਦਿਲਚਸਪ ਮੁਕਾਬਲਾ

### ਪੁਰਾਣੇ ਸਿਆਸੀ ਆਗੂਆਂ ਨੂੰ ਹੋਨਵੀਰ ਸਿੰਘ ਰੰਧਾਵਾ ਦੀ ਚੁਣੌਤੀ; ਸਰਵੇਖਣਾਂ ਤੋਂ ਵੱਖਰਾ ਹੋ ਸਕਦੈ ਲੋਕਾਂ ਦਾ ਫ਼ੈਸਲਾ

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ




ਸਰੀ 15 ਅਕਤੂਬਰ : ਸਰੀ ਦੀਆਂ 2026 ਦੀਆਂ ਮਿਉਂਸਪਲ ਚੋਣਾਂ ਲਈ ਸਿਆਸੀ ਸਰਗਰਮੀਆਂ ਸਿਖਰ 'ਤੇ ਪਹੁੰਚ ਗਈਆਂ ਹਨ। 17 ਅਕਤੂਬਰ ਨੂੰ ਵੋਟਾਂ ਪੈਣ ਤੋਂ ਪਹਿਲਾਂ ਮੇਅਰ ਦੀ ਕੁਰਸੀ ਲਈ ਸੱਤ ਉਮੀਦਵਾਰਾਂ ਵਿਚਕਾਰ ਮੁਕਾਬਲਾ ਦਿਲਚਸਪ ਬਣਿਆ ਹੋਇਆ ਹੈ। ਮੌਜੂਦਾ ਮੇਅਰ ਬਰੈਂਡਾ ਲੌਕ, ਸਾਬਕਾ ਮੇਅਰ ਡੱਗ ਮੈਕਕਲਮ, ਸਾਬਕਾ ਕੌਂਸਲਰ ਲਿੰਡਾ ਐਨਿਸ, ਪੰਜਾਬੀ ਮੂਲ ਦੇ ਵਕੀਲ ਹੋਨਵੀਰ ਸਿੰਘ ਰੰਧਾਵਾ, ਮਾਈਕ ਸਟਾਰਚੁਕ, ਇਗਲ ਐਮਨਜ਼ ਦੂਜਾ ਅਤੇ ਟਰੌਇ ਵੈਨ-ਵਲੀਟ ਆਪੋ-ਆਪਣੇ ਚੋਣ ਮੁੱਦਿਆਂ ਨਾਲ ਵੋਟਰਾਂ ਨੂੰ ਆਪਣੇ ਵੱਲ ਖਿੱਚਣ ਦੀ ਕੋਸ਼ਿਸ਼ ਕਰ ਰਹੇ ਹਨ। ਇਸ ਵਾਰ ਸੁਰੱਖਿਆ, ਜਾਇਦਾਦ ਟੈਕਸ, ਸ਼ਹਿਰ ਦੇ ਖਰਚਿਆਂ, ਵਿਕਾਸ ਪ੍ਰਾਜੈਕਟਾਂ ਅਤੇ ਆਮ ਲੋਕਾਂ ਤੇ ਛੋਟੇ ਕਾਰੋਬਾਰੀਆਂ ਦੀਆਂ ਲੋੜਾਂ ਚੋਣ ਬਹਿਸ ਦੇ ਕੇਂਦਰ ਵਿੱਚ ਹਨ।

ਮੌਜੂਦਾ ਮੇਅਰ ਬਰੈਂਡਾ ਲੌਕ ਮੁੜ ਮੇਅਰ ਦੀ ਕੁਰਸੀ ਹਾਸਲ ਕਰਨ ਲਈ ਪੁਲਿਸ ਅਤੇ ਫਾਇਰ ਸੇਵਾਵਾਂ ਵਿੱਚ ਨਿਵੇਸ਼, ਟੈਕਸਾਂ ਨੂੰ ਕਾਬੂ ਵਿੱਚ ਰੱਖਣ, ਰਿਹਾਇਸ਼ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਆਪਣੇ ਮੁੱਖ ਮੁੱਦੇ ਦੱਸ ਰਹੀ ਹੈ। ਸਾਬਕਾ ਮੇਅਰ ਡੱਗ ਮੈਕਕਲਮ ਨੇ ਸਕਾਈਟ੍ਰੇਨ ਦੇ ਵਿਸਥਾਰ, ਚਾਰ ਸਾਲਾਂ ਲਈ ਜਾਇਦਾਦ ਟੈਕਸ ਵਿੱਚ ਵਾਧਾ ਨਾ ਕਰਨ ਅਤੇ ਅਪਰਾਧ ਤੇ ਐਕਸਟੌਰਸ਼ਨ ਵਿਰੁੱਧ ਸਖ਼ਤ ਕਾਰਵਾਈ ਵਰਗੇ ਵਾਅਦੇ ਕੀਤੇ ਹਨ। ਲਿੰਡਾ ਐਨਿਸ ਸੁਰੱਖਿਆ, ਵਿੱਤੀ ਪਾਰਦਰਸ਼ਤਾ ਅਤੇ ਸਿਟੀ ਦੇ ਖਰਚਿਆਂ ਦੀ ਸਮੀਖਿਆ 'ਤੇ ਜ਼ੋਰ ਦੇ ਰਹੀ ਹੈ। ਮਾਈਕ ਸਟਾਰਚੁਕ ਸੁਰੱਖਿਅਤ, ਘੱਟ ਭੀੜ-ਭੜੱਕੇ ਵਾਲੇ ਅਤੇ ਕਿਫਾਇਤੀ ਸਰੀ ਦੀ ਗੱਲ ਕਰ ਰਹੇ ਹਨ, ਜਦਕਿ ਟਰੌਇ ਵੈਨ-ਵਲੀਟ ਅਤੇ ਇਗਲ ਐਮਨਜ਼ ਦੂਜਾ ਵੀ ਸ਼ਹਿਰ ਦੇ ਵਿਕਾਸ ਅਤੇ ਪ੍ਰਸ਼ਾਸਨ ਸਬੰਧੀ ਆਪਣੇ ਵਿਚਾਰਾਂ ਨਾਲ ਵੋਟਰਾਂ ਤੱਕ ਪਹੁੰਚ ਰਹੇ ਹਨ।

ਇਸ ਚੋਣ ਵਿੱਚ ਪੰਜਾਬੀ ਮੂਲ ਦੇ ਵਕੀਲ ਹੋਨਵੀਰ ਸਿੰਘ ਰੰਧਾਵਾ ਦੀ ਮੁਹਿੰਮ ਵਿਸ਼ੇਸ਼ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਸਰੀ ਵਿੱਚ ਬਚਪਨ ਤੋਂ ਰਹਿ ਰਹੇ ਰੰਧਾਵਾ ਨੇ ਪਿਛਲੇ ਕਈ ਮਹੀਨਿਆਂ ਦੌਰਾਨ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਮੀਟਿੰਗਾਂ, ਲੋਕ ਇਕੱਠਾਂ ਅਤੇ ਘਰ-ਘਰ ਸੰਪਰਕ ਰਾਹੀਂ ਆਪਣੀ ਗੱਲ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਦੀ ਮੁਹਿੰਮ ਦਾ ਮੁੱਖ ਜ਼ੋਰ ਸੁਰੱਖਿਅਤ ਸੜਕਾਂ, ਘੱਟ ਟੈਕਸਾਂ, ਜਵਾਬਦੇਹ ਪ੍ਰਸ਼ਾਸਨ ਅਤੇ ਸਿਟੀ ਦੇ ਫ਼ੈਸਲਿਆਂ ਵਿੱਚ ਆਮ ਲੋਕਾਂ ਦੀ ਭਾਗੀਦਾਰੀ ਵਧਾਉਣ 'ਤੇ ਰਿਹਾ ਹੈ। ਉਨ੍ਹਾਂ ਨੇ ਪਿਛਲੇ ਸਾਲਾਂ ਦੌਰਾਨ ਸ਼ਹਿਰ ਵਿੱਚ ਆਈਆਂ ਸਮੱਸਿਆਵਾਂ ਨੂੰ ਉਭਾਰਦਿਆਂ ਵੋਟਰਾਂ ਨੂੰ ਇਹ ਸੋਚਣ ਦਾ ਸੱਦਾ ਦਿੱਤਾ ਹੈ ਕਿ ਸਰੀ ਨੂੰ ਨਵੀਆਂ ਲੀਹਾਂ 'ਤੇ ਲਿਜਾਣ ਲਈ ਕਿਸ ਤਰ੍ਹਾਂ ਦੀ ਅਗਵਾਈ ਦੀ ਲੋੜ ਹੈ।

ਰੰਧਾਵਾ ਵੱਲੋਂ ਪੰਜਾਬੀ ਅਤੇ ਸਮੁੱਚੇ ਸਾਊਥ ਏਸ਼ੀਅਨ ਭਾਈਚਾਰੇ ਨੂੰ ਵੋਟਾਂ ਪ੍ਰਤੀ ਜਾਗਰੂਕ ਕਰਨ ਲਈ ਕੀਤੇ ਉਪਰਾਲੇ ਵੀ ਇਸ ਮੁਹਿੰਮ ਦਾ ਅਹਿਮ ਪੱਖ ਰਹੇ ਹਨ। ਉਨ੍ਹਾਂ ਨੇ ਵੱਖ-ਵੱਖ ਪਾਰਕਾਂ ਵਿੱਚ ਲੋਕਾਂ ਨਾਲ ਮੁਲਾਕਾਤਾਂ ਕਰਨ, ਕਮਿਊਨਿਟੀ ਇਕੱਠਾਂ ਵਿੱਚ ਸ਼ਾਮਲ ਹੋਣ ਅਤੇ ਵੱਡੇ ਜਨਤਕ ਪ੍ਰੋਗਰਾਮਾਂ ਰਾਹੀਂ ਇਹ ਸੁਨੇਹਾ ਦਿੱਤਾ ਹੈ ਕਿ ਸਰੀ ਵਿੱਚ ਵੱਡੀ ਆਬਾਦੀ ਹੋਣ ਦੇ ਬਾਵਜੂਦ ਜੇਕਰ ਪੰਜਾਬੀ ਅਤੇ ਹੋਰ ਸਾਊਥ ਏਸ਼ੀਅਨ ਲੋਕ ਵੋਟਾਂ ਪਾਉਣ ਲਈ ਘੱਟ ਗਿਣਤੀ ਵਿੱਚ ਨਿਕਲਦੇ ਹਨ ਤਾਂ ਚੋਣ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਆਵਾਜ਼ ਕਮਜ਼ੋਰ ਰਹਿ ਸਕਦੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਕੇ ਸ਼ਹਿਰ ਦੇ ਭਵਿੱਖ ਨੂੰ ਤੈਅ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਉਣ।

ਰੰਧਾਵਾ ਆਪਣੀ ਟੀਮ ਨੂੰ ਵੀ ਨਵੀਂ ਪੀੜ੍ਹੀ ਦੀ ਨੁਮਾਇੰਦਗੀ ਵਜੋਂ ਪੇਸ਼ ਕਰ ਰਹੇ ਹਨ। ਉਨ੍ਹਾਂ ਦੀ ਟੀਮ ਵਿੱਚ ਸਰੀ ਦੇ ਵੱਖ-ਵੱਖ ਭਾਈਚਾਰਿਆਂ ਨਾਲ ਸਬੰਧਤ ਨੌਜਵਾਨਾਂ ਦੀ ਸ਼ਮੂਲੀਅਤ ਨੂੰ ਮੁਹਿੰਮ ਦਾ ਅਹਿਮ ਪੱਖ ਦੱਸਿਆ ਜਾ ਰਿਹਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸਰੀ ਨੂੰ ਨਵੀਂ ਦਿਸ਼ਾ ਦੇਣ ਲਈ ਅਜਿਹੀ ਅਗਵਾਈ ਦੀ ਲੋੜ ਹੈ ਜੋ ਵੱਖ-ਵੱਖ ਭਾਈਚਾਰਿਆਂ ਦੀਆਂ ਲੋੜਾਂ ਨੂੰ ਸਮਝੇ ਅਤੇ ਆਮ ਪਰਿਵਾਰਾਂ, ਨੌਜਵਾਨਾਂ ਤੇ ਛੋਟੇ ਕਾਰੋਬਾਰੀਆਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇਵੇ। ਉਨ੍ਹਾਂ ਦੇ ਲਗਾਤਾਰ ਲੋਕ ਸੰਪਰਕ ਅਤੇ ਚੋਣ ਪ੍ਰਚਾਰ ਦੇ ਢੰਗ ਨੇ ਇਸ ਵਾਰ ਦੀ ਚੋਣ ਵਿੱਚ ਨਵੀਂ ਚਰਚਾ ਛੇੜੀ ਹੈ ਅਤੇ ਪੁਰਾਣੇ ਸਿਆਸੀ ਆਗੂਆਂ ਲਈ ਚੁਣੌਤੀ ਵਧਾਈ ਹੈ।

ਸਰੀ ਦੀਆਂ ਇਨ੍ਹਾਂ ਚੋਣਾਂ ਵਿੱਚ ਸੁਰੱਖਿਆ ਦਾ ਮੁੱਦਾ ਸਭ ਤੋਂ ਅਹਿਮ ਬਣਿਆ ਹੋਇਆ ਹੈ। ਐਕਸਟੌਰਸ਼ਨ, ਗੈਂਗ ਹਿੰਸਾ, ਨਸ਼ਿਆਂ ਨਾਲ ਜੁੜੇ ਅਪਰਾਧ ਅਤੇ ਪੁਲਿਸ ਸੇਵਾਵਾਂ ਦੀ ਕਾਰਗੁਜ਼ਾਰੀ ਬਾਰੇ ਵੱਖ-ਵੱਖ ਉਮੀਦਵਾਰ ਆਪੋ-ਆਪਣੇ ਹੱਲ ਪੇਸ਼ ਕਰ ਰਹੇ ਹਨ। ਇਸ ਦੇ ਨਾਲ ਹੀ ਜਾਇਦਾਦ ਟੈਕਸ, ਘਰਾਂ ਦੀ ਕਿਫਾਇਤ, ਟ੍ਰੈਫਿਕ, ਸਕਾਈਟ੍ਰੇਨ ਦਾ ਵਿਸਥਾਰ ਅਤੇ ਸ਼ਹਿਰ ਦੇ ਵੱਡੇ ਵਿਕਾਸ ਪ੍ਰਾਜੈਕਟਾਂ 'ਤੇ ਖਰਚੇ ਵੀ ਵੋਟਰਾਂ ਲਈ ਮਹੱਤਵਪੂਰਨ ਮੁੱਦੇ ਹਨ। ਸਿਟੀ ਸੈਂਟਰ ਵਿੱਚ 10,000 ਸੀਟਾਂ ਵਾਲੇ ਅਰੇਨਾ ਅਤੇ ਐਂਟਰਟੇਨਮੈਂਟ ਡਿਸਟ੍ਰਿਕਟ ਦੀ ਯੋਜਨਾ ਨੂੰ ਲੈ ਕੇ ਵੀ ਇਹ ਬਹਿਸ ਜਾਰੀ ਹੈ ਕਿ ਅਜਿਹੇ ਪ੍ਰਾਜੈਕਟਾਂ ਨਾਲ ਸ਼ਹਿਰ ਨੂੰ ਕੀ ਲਾਭ ਹੋਵੇਗਾ ਅਤੇ ਉਨ੍ਹਾਂ ਦਾ ਵਿੱਤੀ ਬੋਝ ਕਿਵੇਂ ਪੂਰਾ ਕੀਤਾ ਜਾਵੇਗਾ।

ਭਾਵੇਂ ਪਿਛਲੇ ਦਿਨਾਂ ਵਿੱਚ ਸਾਹਮਣੇ ਆਏ ਕੁਝ ਸਰਵੇਖਣ ਚੋਣ ਮੁਕਾਬਲੇ ਬਾਰੇ ਵੱਖਰੇ ਸੰਕੇਤ ਦੇ ਰਹੇ ਹਨ, ਪਰ ਚੋਣ ਮੁਹਿੰਮ ਦੌਰਾਨ ਲੋਕਾਂ ਨਾਲ ਹੋ ਰਹੇ ਸੰਪਰਕ ਅਤੇ ਵੱਖ-ਵੱਖ ਇਲਾਕਿਆਂ ਵਿੱਚ ਉੱਭਰ ਰਹੀਆਂ ਚਰਚਾਵਾਂ ਨੂੰ ਦੇਖਦਿਆਂ ਇਹ ਅੰਦਾਜ਼ਾ ਲਾਇਆ ਜਾ ਰਿਹਾ ਹੈ ਕਿ ਇਸ ਵਾਰ ਸਰੀ ਦੇ ਮੇਅਰ ਦੀ ਚੋਣ ਦਾ ਨਤੀਜਾ ਕਈ ਲੋਕਾਂ ਲਈ ਹੈਰਾਨੀਜਨਕ ਹੋ ਸਕਦਾ ਹੈ। ਖ਼ਾਸ ਕਰਕੇ ਹੋਨਵੀਰ ਸਿੰਘ ਰੰਧਾਵਾ ਦੀ ਮੁਹਿੰਮ ਅਤੇ ਪੰਜਾਬੀ ਭਾਈਚਾਰੇ ਨੂੰ ਵੋਟਾਂ ਲਈ ਲਾਮਬੰਦ ਕਰਨ ਦੇ ਯਤਨਾਂ ਨੇ ਚੋਣ ਦੇ ਆਖ਼ਰੀ ਪੜਾਅ ਨੂੰ ਹੋਰ ਦਿਲਚਸਪ ਬਣਾ ਦਿੱਤਾ ਹੈ। ਹਾਲਾਂਕਿ ਅਸਲ ਤਸਵੀਰ ਵੋਟਾਂ ਦੀ ਗਿਣਤੀ ਤੋਂ ਬਾਅਦ ਹੀ ਸਪੱਸ਼ਟ ਹੋਵੇਗੀ।

ਹੁਣ ਸਰੀ ਦੇ ਵੋਟਰਾਂ ਨੇ ਫ਼ੈਸਲਾ ਦੇਣਾ ਹੈ ਕਿ ਉਹ ਤਜਰਬੇਕਾਰ ਆਗੂਆਂ ਨੂੰ ਮੁੜ ਮੌਕਾ ਦੇਣਾ ਚਾਹੁੰਦੇ ਹਨ ਜਾਂ ਨਵੀਂ ਅਗਵਾਈ ਨੂੰ ਅਜ਼ਮਾਉਣਾ ਚਾਹੁੰਦੇ ਹਨ। ਇਸ ਵਾਰ ਦੀ ਚੋਣ ਸਿਰਫ਼ ਮੇਅਰ ਦੀ ਕੁਰਸੀ ਦਾ ਫ਼ੈਸਲਾ ਨਹੀਂ ਕਰੇਗੀ, ਸਗੋਂ ਇਹ ਵੀ ਦਰਸਾਏਗੀ ਕਿ ਸਰੀ ਦੇ ਲੋਕ ਸੁਰੱਖਿਆ, ਟੈਕਸਾਂ, ਜਵਾਬਦੇਹੀ ਅਤੇ ਸ਼ਹਿਰ ਦੇ ਭਵਿੱਖ ਬਾਰੇ ਕਿਸ ਤਰ੍ਹਾਂ ਦੀ ਸੋਚ ਨੂੰ ਤਰਜੀਹ ਦਿੰਦੇ ਹਨ।

## ਡਾ. ਹਰਵਿੰਦਰ ਸਿੰਘ ਧਾਲੀਵਾਲ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ) ਦਾ ਵਾਈਸ-ਚਾਂਸਲਰ ਨਿਯੁਕਤ

### ਪੰਜਾਬ ਦੇ ਮਾਨਸਾ ਜ਼ਿਲ੍ਹੇ ਦੇ ਪਿੰਡ ਮੰਢਾਲੀ ਨਾਲ ਸਬੰਧਤ ਹਨ ਡਾ. ਧਾਲੀਵਾਲ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ/ਚੰਡੀਗੜ੍ਹ, 15 ਅਕਤੂਬਰ : ਡਾ. ਹਰਵਿੰਦਰ ਸਿੰਘ ਧਾਲੀਵਾਲ ਨੂੰ ਚਾਰ ਸਾਲਾਂ ਦੀ ਮਿਆਦ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ), ਲੁਧਿਆਣਾ ਦਾ ਵਾਈਸ-ਚਾਂਸਲਰ ਨਿਯੁਕਤ ਕੀਤਾ ਗਿਆ ਹੈ। ਉਹ ਪੀਏਯੂ ਦੇ ਸੇਵਾਮੁਕਤ ਪ੍ਰੋਫੈਸਰ ਹਨ।

ਇਸ ਨਿਯੁਕਤੀ ਨੂੰ ਯੂਨੀਵਰਸਿਟੀ ਦੇ ਮੈਨੇਜਮੈਂਟ ਬੋਰਡ ਨੇ 14 ਅਕਤੂਬਰ, 2026 ਨੂੰ ਹੋਈ ਆਪਣੀ 324ਵੀਂ ਵਿਸ਼ੇਸ਼ ਮੀਟਿੰਗ ਵਿੱਚ ਮਨਜ਼ੂਰੀ ਦਿੱਤੀ ਸੀ। ਉਨ੍ਹਾਂ ਦਾ ਕਾਰਜਕਾਲ ਉਸ ਮਿਤੀ ਤੋਂ ਸ਼ੁਰੂ ਹੋਵੇਗਾ ਜਦੋਂ ਉਹ ਇਸ ਅਹੁਦੇ ਦਾ ਚਾਰਜ ਸੰਭਾਲਣਗੇ। ਉਹ ਪੰਜਾਬ ਦੇ ਮਾਨਸਾ ਜ਼ਿਲ੍ਹੇ ਦੇ ਪਿੰਡ ਮੰਢਾਲੀ ਨਾਲ ਸਬੰਧਤ ਹਨ।

ਐਸ ਸੁਖਜੀਤ ਪਾਲ ਸਿੰਘ ਆਈਏਐਸ ਰਜਿਸਟਰਾਰ ਪੀਏਯੂ, ਡਾ ਟੀ ਐਸ ਰਿਆੜ ਅਸਟੇਟ ਅਫਸਰ, ਡਾ ਐਚ ਐਸ ਕਿੰਗਰਾ, ਪ੍ਰਧਾਨ ਪਾਉਟਾ, ਸਰਦਾਰ ਬਲਦੇਵ ਸਿੰਘ ਵਾਲੀਆ ਪ੍ਰਧਾਨ ਨਾਨ-ਟੀਚਿੰਗ ਪੀਏਯੂ ਅਤੇ ਡੀਨ ਅਤੇ ਡਾਇਰੈਕਟਰਾਂ ਨੇ ਡਾ ਧਾਲੀਵਾਲ ਦੀ ਪੀਏਯੂ ਵੀਸੀ ਵਜੋਂ ਨਿਯੁਕਤੀ ਦਾ ਸਵਾਗਤ ਕੀਤਾ।

ਡਾ ਹਰਵਿੰਦਰ ਸਿੰਘ ਧਾਲੀਵਾਲ ਦਾ ਸੰਖੇਪ ਬਾਇਓ-ਡਾਟਾ ਅਕਾਦਮਿਕ ਯੋਗਤਾਵਾਂ ਡਾ ਹਰਵਿੰਦਰ ਸਿੰਘ ਧਾਲੀਵਾਲ, ਜਿਨ੍ਹਾਂ ਦਾ ਜਨਮ 1 ਮਈ, 1962 ਨੂੰ ਹੋਇਆ ਸੀ, ਦਾ ਸ਼ਾਨਦਾਰ ਅਕਾਦਮਿਕ ਰਿਕਾਰਡ ਹੈ ਅਤੇ ਉਨ੍ਹਾਂ ਨੂੰ ਗੋਲਡ ਮੈਡਲ, ਮੈਰਿਟ ਸਰਟੀਫਿਕੇਟ (ਐਮ.ਐਸ.ਸੀ. ਵਿੱਚ) ਅਤੇ ਮੈਰਿਟ ਸਕਾਲਰਸ਼ਿਪ (ਬੀ.ਐਸ.ਸੀ. ਵਿੱਚ); ਮੈਰਿਟ ਫੈਲੋਸ਼ਿਪ (ਐਮ.ਐਸ.ਸੀ. ਅਤੇ ਪੀਐਚ.ਡੀ. ਵਿੱਚ) ਨਾਲ ਸਨਮਾਨਿਤ ਕੀਤਾ ਗਿਆ ਸੀ।

## ਨਰਾਤਿਆਂ ਮੌਕੇ ਮਾਤਾ ਕਾਲੀ ਦੇਵੀ ਮੰਦਰ 'ਚ ਮਾਤਾ ਕੀ ਚੌਂਕੀ 'ਚ ਬ੍ਰਾਹਮਣ ਸਭਾ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਰਮਾ ਨੇ ਕੀਤੀ ਜਯੋਤੀ ਪ੍ਰਚੰਡ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 15 ਅਕਤੂਬਰ : ਇਤਿਹਾਸਕ ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਵਿਖੇ ਨਵਰਾਤਰਿਆਂ ਦੇ ਚਲਦਿਆਂ ਸੰਗਤਾਂ ਕਾਫੀ ਸ਼ਰਧਾ ਅਤੇ ਉਤਸ਼ਾਹ ਨਾਲ ਮਾਤਾ ਰਾਣੀ ਨੂੰ ਨਮਸਤਕ ਕਰਨ ਪਹੁੰਚ ਰਹੀਆ ਹਨ। ਇਸ ਦੌਰਾਨ ਕਰਵਾਈ ਜਾ ਰਹੀ ਮਾਤਾ ਕੀ ਚੌਂਕੀ ਦੌਰਾਨ ਬ੍ਰਾਹਮਣ ਸਭਾ ਦੇ ਪ੍ਰਧਾਨ ਸ਼੍ਰੀ ਸ਼ਿਵ ਕੁਮਾਰ ਸ਼ਰਮਾ ਨੇ ਜਯੋਤੀ ਪ੍ਰਚੰਡ ਕੀਤੀ। ਇਸ ਮੌਕੇ ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਵੀ ਮੌਜੂਦ ਸਨ। ਪ੍ਰਧਾਨ ਸ਼ਿਵ ਕੁਮਾਰ ਸ਼ਰਮਾ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਪ੍ਰਾਚੀਨ ਕਾਲੀ ਮਾਤਾ ਮੰਦਿਰ ਦਾ ਨਵ – ਨਿਰਮਾਣ ਕਰਵਾ ਕੇ ਇੱਕ ਇਤਿਹਾਸ ਰਚਿਆ ਜੋ ਕੇ ਪਿਛਲੀਆਂ ਸਰਕਾਰਾਂ ਦੇ ਕਦੇ ਧਿਆਨ ਵਿਚ ਕਦੀ ਨਹੀਂ ਆਇਆ, ਪਰ ਜੋ ਕੰਮ ਹੁਣ ਕਰਵਾਏ ਜਾ ਰਹੇ ਹਨ, ਉਸ ਨੂੰ ਰਹਿੰਦੀ ਦੁਨੀਆਂ ਤਕ ਆਮ ਆਦਮੀ ਪਾਰਟੀ ਦੀ ਇਸ ਸੇਵਾ ਨੂੰ ਯਾਦ ਰੱਖਿਆ ਜਾਵੇਗਾ। ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕੇ ਵੱਡੀ ਗਿਣਤੀ ਸ਼ਰਧਾਲੂਆਂ ਦੀ ਆਸਥਾ ਪ੍ਰਾਚੀਨ ਮਾਤਾ ਸ਼੍ਰੀ ਕਾਲੀ ਦੇਵੀ ਮੰਦਿਰ ਨਾਲ ਜੁੜੀ ਹੋਈ ਹੈ ਜਿਥੇ ਹਰ ਕਿਸੀ ਦੇ ਮਨ ਦੀ ਮੁਰਾਦ ਪੂਰੀ ਹੁੰਦੀ ਹੈ। ਇਸ ਮੌਕੇ ਭਗਵਾਨ ਦਾਸ ਜੁਨੇਜਾ ਨੇ ਮਾਤਾ ਰਾਣੀ ਦੇ ਦਰਸ਼ਨ ਕਰਕੇ ਪੰਜਾਬ ਦੀ ਬੇਹਤਰੀ ਵਾਸਤੇ ਅਰਦਾਸ ਕੀਤੀ ਅਤੇ ਮੰਦਿਰ ਕਮੇਟੀ ਦੇ ਮੈਂਬਰ ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਕੁਮਾਰ ਗੁਪਤਾ ਸਮੇਤ ਹੋਰ ਅਹੁਦੇਦਾਰ ਵੀ ਮੌਜੂਦ ਸਨ, ਜਿਨ੍ਹਾਂ ਦੀ ਦੇਖ ਰੇਖ ਵਿਚ ਇਸ ਪਵਿੱਤਰ ਮੰਦਿਰ ਦਾ ਨਿਰਮਾਣ ਚਲ ਰਿਹਾ ਹੈ।ਇਸ ਮੌਕੇ ਬ੍ਰਾਹਮਣ ਸਭਾ ਕੇ ਸਾਰੇ ਕਮੇਟੀ ਮੈਂਬਰ ਮੌਜੂਦ ਸਨ।

## ਪਟਿਆਲਾ ਵਿਖੇ ਅਸਮਿਤਾ ਮਹਿਲਾ ਸਾਈਕਲਿੰਗ ਜ਼ੋਨਲ ਟਰੈਕ ਲੀਗ ਦੇ ਪਹਿਲੇ ਦਿਨ ਦੇ ਮੁਕਾਬਲੇ ਸਫ਼ਲਤਾਪੂਰਵਕ ਸੰਪੰਨ

### ਐਲੀਟ ਮਹਿਲਾ ਵਰਗ ਵਿੱਚ ਹਰਸ਼ਿਤਾ ਜਾਖੜ ਨੇ ਸੋਨ, ਮੀਨਾਕਸ਼ੀ ਨੇ ਚਾਂਦੀ ਅਤੇ ਸਵਾਤੀ ਸਿੰਘ ਨੇ ਕਾਂਸੀ ਦਾ ਤਮਗਾ ਜਿੱਤਿਆ

### ਮੁੱਖ ਮਹਿਮਾਨ ਉਪ ਕੁਲਪਤੀ ਪੁਸ਼ਪਿੰਦਰ ਸਿੰਘ ਗਿੱਲ ਅਤੇ ਵਿਸ਼ੇਸ਼ ਮਹਿਮਾਨ ਓਲੰਪੀਅਨ ਹਾਕੀ ਖਿਡਾਰਨ ਗੁਰਜੀਤ ਕੌਰ ਤੇ ਸਨਅਤਕਾਰ ਹਰਜੈ ਗੰਭੀਰ ਨੇ ਖਿਡਾਰਨਾਂ ਦਾ ਵਧਾਇਆ ਹੌਸਲਾ

### ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਸੰਯੁਕਤ ਸਕੱਤਰ ਨੀਰਜ ਤੰਵਰ ਵੱਲੋਂ ਜੇਤੂਆਂ ਨੂੰ ਤਮਗਿਆਂ, ਸਰਟੀਫਿਕੇਟਾਂ ਅਤੇ ਨਕਦ ਇਨਾਮਾਂ ਨਾਲ ਕੀਤਾ ਗਿਆ ਸਨਮਾਨਿਤ

ਵਰਲਡ ਪੰਜਾਬੀ ਟਾਈਮਜ਼




ਪਟਿਆਲਾ, 15 ਅਕਤੂਬਰ: ਸਾਈਕਲਿੰਗ ਐਸੋਸੀਏਸ਼ਨ ਆਫ਼ ਪੰਜਾਬ ਵੱਲੋਂ ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਸਹਿਯੋਗ ਨਾਲ ਐੱਨ.ਐੱਸ.ਐੱਨ.ਆਈ.ਐੱਸ. ਵੈਲੋਡਰੋਮ, ਪਟਿਆਲਾ ਵਿਖੇ ਕਰਵਾਈ ਜਾ ਰਹੀ ਅਸਮਿਤਾ ਮਹਿਲਾ ਸਾਈਕਲਿੰਗ ਜ਼ੋਨਲ ਟਰੈਕ ਲੀਗ ਦੇ ਪਹਿਲੇ ਦਿਨ ਦੇ ਮੁਕਾਬਲੇ ਅੱਜ ਸਫ਼ਲਤਾਪੂਰਵਕ ਸੰਪੰਨ ਹੋਏ। ਦੋ ਰੋਜ਼ਾ ਲੀਗ ਦੇ ਪਹਿਲੇ ਦਿਨ ਮਹਿਲਾ ਸਾਈਕਲਿਸਟਾਂ ਨੇ ਆਪਣੀ ਰਫ਼ਤਾਰ, ਤਕਨੀਕੀ ਮੁਹਾਰਤ ਅਤੇ ਦ੍ਰਿੜ੍ਹ ਇਰਾਦੇ ਦਾ ਪ੍ਰਦਰਸ਼ਨ ਕਰਦਿਆਂ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਹਿੱਸਾ ਲਿਆ।

ਇਸ ਮੌਕੇ ਡਾ. ਪੁਸ਼ਪਿੰਦਰ ਸਿੰਘ ਗਿੱਲ, ਉਪ ਕੁਲਪਤੀ, ਮਹਾਰਾਜਾ ਭੁਪਿੰਦਰ ਸਿੰਘ ਖੇਡ ਯੂਨੀਵਰਸਿਟੀ, ਪਟਿਆਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਓਲੰਪੀਅਨ ਹਾਕੀ ਖਿਡਾਰਨ ਗੁਰਜੀਤ ਕੌਰ ਅਤੇ ਬਾਲਕਿੰਗਜ਼ ਇੰਡਸਟਰੀਜ਼ ਤੋਂ ਹਰਜੈ ਗੰਭੀਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਮਹਿਮਾਨਾਂ ਨੇ ਖਿਡਾਰਨਾਂ ਦਾ ਹੌਸਲਾ ਵਧਾਇਆ ਅਤੇ ਮਹਿਲਾ ਸਾਈਕਲਿੰਗ ਨੂੰ ਉਤਸ਼ਾਹਿਤ ਕਰਨ ਲਈ ਪ੍ਰਬੰਧਕਾਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ।

ਪਹਿਲੇ ਦਿਨ ਐਲੀਟ ਮਹਿਲਾ ਵਰਗ ਦੇ ਐਲਾਨੇ ਗਏ ਨਤੀਜਿਆਂ ਅਨੁਸਾਰ ਹਰਸ਼ਿਤਾ ਜਾਖੜ ਨੇ ਸੋਨ ਤਮਗਾ, ਮੀਨਾਕਸ਼ੀ ਨੇ ਚਾਂਦੀ ਦਾ ਤਮਗਾ ਅਤੇ ਸਵਾਤੀ ਸਿੰਘ ਨੇ ਕਾਂਸੀ ਦਾ ਤਮਗਾ ਹਾਸਲ ਕੀਤਾ। ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਸੰਯੁਕਤ ਸਕੱਤਰ ਸ਼੍ਰੀ ਨੀਰਜ ਤੰਵਰ ਨੇ ਜੇਤੂ ਖਿਡਾਰਨਾਂ ਨੂੰ ਤਮਗੇ, ਸਰਟੀਫਿਕੇਟ ਅਤੇ ਨਕਦ ਇਨਾਮ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਉਨ੍ਹਾਂ ਨੂੰ ਭਵਿੱਖ ਦੇ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।






ਮੁੱਖ ਮਹਿਮਾਨ ਉਪ ਕੁਲਪਤੀ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਿਲਾਵਾਂ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਢੁੱਕਵੇਂ ਮੌਕੇ ਅਤੇ ਉਤਸ਼ਾਹ ਮਿਲਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ, "ਸਾਡੀਆਂ ਧੀਆਂ ਵਿੱਚ ਪ੍ਰਤਿਭਾ ਅਤੇ ਮਿਹਨਤ ਦੀ ਕੋਈ ਘਾਟ ਨਹੀਂ ਹੈ। ਲੋੜ ਉਨ੍ਹਾਂ ਨੂੰ ਆਪਣੀ ਕਾਬਲੀਅਤ ਦਿਖਾਉਣ ਲਈ ਮੰਚ ਅਤੇ ਨਿਰੰਤਰ ਸਹਿਯੋਗ ਦੇਣ ਦੀ ਹੈ। ਅਸਮਿਤਾ ਵਰਗੀਆਂ ਲੀਗਾਂ ਖਿਡਾਰਨਾਂ ਨੂੰ ਮੁਕਾਬਲਿਆਂ ਦਾ ਤਜਰਬਾ ਦੇਣ ਦੇ ਨਾਲ-ਨਾਲ ਵੱਡੇ ਟੀਚਿਆਂ ਵੱਲ ਅੱਗੇ ਵਧਣ ਦਾ ਆਤਮ-ਵਿਸ਼ਵਾਸ ਵੀ ਪ੍ਰਦਾਨ ਕਰਦੀਆਂ ਹਨ।"

ਪੁਸ਼ਪਿੰਦਰ ਸਿੰਘ ਗਿੱਲ ਨੇ ਅੱਗੇ ਕਿਹਾ ਕਿ ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਸਮੇਂ ਦੀ ਕਦਰ ਅਤੇ ਮਿਹਨਤ ਕਰਨ ਦੀ ਆਦਤ ਵਿਕਸਿਤ ਕਰਦੀਆਂ ਹਨ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਧੀਆਂ ਦੀ ਖੇਡਾਂ ਵਿੱਚ ਰੁਚੀ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਦੇ ਖੇਡ ਸਫ਼ਰ ਵਿੱਚ ਸਹਿਯੋਗ ਦੇਣ। ਉਨ੍ਹਾਂ ਜੇਤੂਆਂ ਨੂੰ ਵਧਾਈ ਦਿੰਦਿਆਂ ਸਾਰੀਆਂ ਭਾਗੀਦਾਰ ਖਿਡਾਰਨਾਂ ਦੀ ਮਿਹਨਤ ਅਤੇ ਸਮਰਪਣ ਦੀ ਵੀ ਸ਼ਲਾਘਾ ਕੀਤੀ।

ਵਿਸ਼ੇਸ਼ ਮਹਿਮਾਨ ਓਲੰਪੀਅਨ ਗੁਰਜੀਤ ਕੌਰ ਨੇ ਖਿਡਾਰਨਾਂ ਨੂੰ ਨਿਰੰਤਰ ਅਭਿਆਸ ਅਤੇ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ, "ਵੱਡੀਆਂ ਪ੍ਰਾਪਤੀਆਂ ਦਾ ਆਧਾਰ ਰੋਜ਼ਾਨਾ ਦੀ ਮਿਹਨਤ, ਅਨੁਸ਼ਾਸਨ ਅਤੇ ਆਪਣੇ ਆਪ 'ਤੇ ਭਰੋਸਾ ਹੁੰਦਾ ਹੈ। ਹਰ ਮੁਕਾਬਲਾ ਖਿਡਾਰਨ ਨੂੰ ਕੁਝ ਨਵਾਂ ਸਿਖਾਉਂਦਾ ਹੈ। ਜਿੱਤ ਤੋਂ ਪ੍ਰੇਰਣਾ ਲਵੋ ਅਤੇ ਜਿੱਥੇ ਸੁਧਾਰ ਦੀ ਲੋੜ ਹੋਵੇ, ਉੱਥੇ ਹੋਰ ਮਿਹਨਤ ਕਰੋ। ਆਪਣੇ ਸੁਪਨਿਆਂ ਨੂੰ ਵੱਡਾ ਰੱਖੋ ਅਤੇ ਉਨ੍ਹਾਂ ਦੀ ਪ੍ਰਾਪਤੀ ਲਈ ਲਗਾਤਾਰ ਯਤਨ ਕਰਦੇ ਰਹੋ।"

ਸਨਅਤਕਾਰ ਹਰਜੈ ਗੰਭੀਰ ਨੇ ਕਿਹਾ, "ਮਹਿਲਾ ਖਿਡਾਰਨਾਂ ਨੂੰ ਅੱਗੇ ਵਧਣ ਲਈ ਮੌਕੇ ਅਤੇ ਸਹਿਯੋਗ ਪ੍ਰਦਾਨ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਅਸਮਿਤਾ ਮਹਿਲਾ ਸਾਈਕਲਿੰਗ ਲੀਗ ਵਰਗੇ ਉਪਰਾਲੇ ਉੱਭਰਦੀ ਪ੍ਰਤਿਭਾ ਨੂੰ ਮੰਚ ਦੇਣ ਦੇ ਨਾਲ-ਨਾਲ ਹੋਰ ਲੜਕੀਆਂ ਨੂੰ ਵੀ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਦੇ ਹਨ। ਸਨਅਤੀ ਖੇਤਰ ਨੂੰ ਵੀ ਖੇਡਾਂ ਦੇ ਵਿਕਾਸ ਅਤੇ ਖਿਡਾਰਨਾਂ ਨੂੰ ਉਤਸ਼ਾਹਿਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ, ਤਾਂ ਜੋ ਉਹ ਆਪਣੀ ਮਿਹਨਤ ਅਤੇ ਕਾਬਲੀਅਤ ਨਾਲ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ।"

ਐਸੋਸੀਏਸ਼ਨ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਲੀਗ ਵਿੱਚ ਸਬ-ਜੂਨੀਅਰ/ਯੂਥ ਲੜਕੀਆਂ, ਜੂਨੀਅਰ ਲੜਕੀਆਂ ਅਤੇ ਐਲੀਟ ਮਹਿਲਾਵਾਂ ਦੇ ਵਰਗਾਂ ਵਿੱਚ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਹਿਲੇ ਦਿਨ ਖਿਡਾਰਨਾਂ ਨੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਹਿੱਸਾ ਲਿਆ। ਲੀਗ ਦੇ ਦੂਜੇ ਦਿਨ, 15 ਅਕਤੂਬਰ ਨੂੰ ਕੇਰਿਨ ਅਤੇ ਸਕ੍ਰੈਚ ਰੇਸ ਦੇ ਮੁਕਾਬਲੇ ਕਰਵਾਏ ਜਾਣਗੇ, ਜਿਨ੍ਹਾਂ ਤੋਂ ਬਾਅਦ ਜੇਤੂਆਂ ਦਾ ਸਨਮਾਨ ਕੀਤਾ ਜਾਵੇਗਾ।

ਜਗਦੀਪ ਸਿੰਘ ਕਾਹਲੋਂ ਨੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ, ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਨੁਮਾਇੰਦਿਆਂ, ਕੋਚਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਖੇਡ ਪ੍ਰੇਮੀਆਂ ਨੂੰ ਦੂਜੇ ਦਿਨ ਦੇ ਮੁਕਾਬਲਿਆਂ ਦੌਰਾਨ ਵੀ ਖਿਡਾਰਨਾਂ ਦਾ ਹੌਸਲਾ ਵਧਾਉਣ ਦੀ ਅਪੀਲ ਕੀਤੀ।

ਇਸ ਮੌਕੇ ਸਾਈਕਲਿੰਗ ਐਸੋਸੀਏਸ਼ਨ ਪੰਜਾਬ ਦੇ ਟਰੈਜਰਾਰ ਬੀਐਸ ਸੂਦਨ, ਕੌਮਾਂਤਰੀ ਸਾਈਕਲਿਸਟ ਬਖਸ਼ੀਸ਼ ਸਿੰਘ, ਕੌਮਾਂਤਰੀ ਸਾਈਕਲਿਸਟ ਅਤੇ ਸਾਈਕਲ ਐਸੋਸੀਏਸ਼ਨ ਆਫ ਪੰਜਾਬ ਦੇ ਸੰਯੁਕਤ ਸਕੱਤਰ ਸੁਖਜਿੰਦਰ ਸਿੰਘ, ਵਾਈਸ ਪ੍ਰਧਾਨ ਐਸਪੀ ਸਿੰਘ, ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਸੰਗਰੂਰ ਦੀ ਔਰਗਨਾਈਜ਼ਿੰਗ ਕਮੇਟੀ ਦੇ ਚੇਅਰਮੈਨ ਜਗਦੀਸ਼ ਸਿੰਘ, ਸਕੱਤਰ ਜਸਵੀਰ ਸਿੰਘ, ਸੀਨੀਅਰ ਅਹੁਦੇਦਾਰ ਕੁਲਦੀਪ ਸਿੰਘ, ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਮੋਹਾਲੀ ਦੀ ਔਰਗਨਾਈਜ਼ਿੰਗ ਕਮੇਟੀ ਦੇ ਚੇਅਰਪਰਸਨ ਦਮਨਪ੍ਰੀਤ ਕੌਰ, ਕੌਮਾਂਤਰੀ ਸਾਈਕਲਿਸਟ ਗੁਰਪ੍ਰੀਤ ਕੌਰ, ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ. ਰਵਿੰਦਰ, ਸਪੋਰਟਸ ਕੋਆਰਡੀਨੇਟਰ ਗੁਰਜੀਤ ਸਿੰਘ, ਐਨਐਸ ਐਨਆਈਐਸ ਦੇ ਚੀਫ ਕੋਚ ਸ਼੍ਰੀ ਜੋਗਿੰਦਰ, ਕੋਚ ਸੰਦੀਪ ਕੌਰ, ਸਪੋਰਟਸ ਪ੍ਰਮੋਟਰ ਜਗਜੀਤ ਸਿੰਘ ਸਮੇਤ ਵੱਖ-ਵੱਖ ਪ੍ਰਬੰਧਕ ਅਤੇ ਅਹੁਦੇਦਾਰ ਅਤੇ ਵੱਡੀ ਗਿਣਤੀ ਖਿਡਾਰੀ ਹਾਜ਼ਰ ਸਨ।

## ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਿਗਿਆਨੀ ਲਗਾਤਾਰ ਤੀਜੇ ਸਾਲ ਦੁਨੀਆ ਦੇ ਚੋਟੀ ਦੇ 2% ਵਿਗਿਆਨੀਆਂ ਵਿੱਚ ਸ਼ਾਮਲ

### ਡਾ. ਰਾਜਿੰਦਰ ਕੁਮਾਰ ਢੱਲ ਨੇ ਸਬਜ਼ੀ ਵਿਗਿਆਨ ਦੇ ਖੇਤਰ ਵਿੱਚ ਮੋਹਰੀ ਯੋਗਦਾਨ ਲਈ ਵਿਸ਼ਵ ਪੱਧਰੀ ਮਾਨਤਾ ਪ੍ਰਾਪਤ ਕੀਤੀ



ਲੁਧਿਆਣਾ 15 ਅਕਤੂਬਰ : ਪੰਜਾਬ ਖੇਤੀਬਾੜੀ ਯੂਨੀਵਰਸਿਟੀ (PAU) ਦਾ ਮਾਣ ਵਧਾਉਂਦੇ ਹੋਏ, ਸਬਜ਼ੀ ਵਿਗਿਆਨ ਵਿਭਾਗ ਦੇ ਮੁੱਖ ਸਬਜ਼ੀ ਵਿਗਿਆਨੀ (Principal Olericulturist) ਡਾ. ਰਾਜਿੰਦਰ ਕੁਮਾਰ ਢੱਲ ਨੂੰ ਸਟੈਨਫੋਰਡ ਯੂਨੀਵਰਸਿਟੀ-ਐਲਸਵੀਅਰ (Stanford University–Elsevier) ਦੀ 2026 ਦੀ ਦਰਜਾਬੰਦੀ ਵਿੱਚ ਦੁਨੀਆ ਦੇ ਚੋਟੀ ਦੇ 2 ਫੀਸਦੀ ਵਿਗਿਆਨੀਆਂ ਵਿੱਚ ਸ਼ਾਮਲ ਕੀਤਾ ਗਿਆ ਹੈ। ਇਹ ਲਗਾਤਾਰ ਤੀਜਾ ਮੌਕਾ ਹੈ ਜਦੋਂ ਉਹ ਇਸ ਵੱਕਾਰੀ ਸੂਚੀ ਵਿੱਚ ਸ਼ਾਮਲ ਹੋਏ ਹਨ, ਜੋ ਸਬਜ਼ੀ ਵਿਗਿਆਨ ਅਤੇ ਫਸਲ ਸੁਧਾਰ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਮਿਲੀ ਅੰਤਰਰਾਸ਼ਟਰੀ ਮਾਨਤਾ ਨੂੰ ਮੁੜ ਦਰਸਾਉਂਦਾ ਹੈ।

ਡਾ. ਢੱਲ PAU ਦੇ ਕਾਲਜ ਆਫ਼ ਹੌਰਟੀਕਲਚਰ ਐਂਡ ਫੌਰੈਸਟਰੀ (ਬਾਗਬਾਨੀ ਅਤੇ ਜੰਗਲਾਤ ਕਾਲਜ) ਦੇ ਪਹਿਲੇ ਅਜਿਹੇ ਵਿਗਿਆਨੀ ਹਨ ਜਿਨ੍ਹਾਂ ਨੇ ਇਹ ਪ੍ਰਾਪਤੀ ਹਾਸਲ ਕੀਤੀ ਹੈ। ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਇਹ ਦਰਜਾਬੰਦੀ ਪ੍ਰਭਾਵਸ਼ਾਲੀ ਖੋਜਕਰਤਾਵਾਂ ਦੀ ਪਛਾਣ ਮਿਆਰੀ 'ਸਾਈਟੇਸ਼ਨ' (ਹਵਾਲਾ) ਸੂਚਕਾਂ ਦੇ ਆਧਾਰ 'ਤੇ ਕਰਦੀ ਹੈ, ਜੋ ਉਨ੍ਹਾਂ ਦੇ ਵਿਗਿਆਨਕ ਯੋਗਦਾਨ ਦੇ ਦਾਇਰੇ ਅਤੇ ਪ੍ਰਭਾਵ ਨੂੰ ਦਰਸਾਉਂਦੇ ਹਨ।ਨਾਮਵਰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਰਸਾਲਿਆਂ ਵਿੱਚ 157 ਖੋਜ ਪ੍ਰਕਾਸ਼ਨਾਂ ਦੇ ਨਾਲ, ਡਾ. ਢੱਲ ਦੇ ਕੰਮ ਦਾ 3,040 ਤੋਂ ਵੱਧ ਵਾਰ ਹਵਾਲਾ (citations) ਦਿੱਤਾ ਗਿਆ ਹੈ; ਉਨ੍ਹਾਂ ਦਾ 'h-index' 24 ਅਤੇ 'i10-index' 48 ਹੈ। ਉਨ੍ਹਾਂ ਦੀ ਖੋਜ ਨੇ ਸਬਜ਼ੀਆਂ ਦੀਆਂ ਕਿਸਮਾਂ, ਖਾਸ ਕਰਕੇ ਮਟਰ, ਲਸਣ ਅਤੇ ਖੀਰੇ ਵਿੱਚ ਮਹੱਤਵਪੂਰਨ ਸੁਧਾਰ ਕੀਤਾ ਹੈ, ਜਿਸ ਨਾਲ ਕਿਸਾਨਾਂ ਨੂੰ ਸਿੱਧਾ ਲਾਭ ਮਿਲਿਆ ਹੈ।

ਉਨ੍ਹਾਂ ਦੀਆਂ ਪ੍ਰਮੁੱਖ ਪ੍ਰਾਪਤੀਆਂ ਵਿੱਚ ਮਟਰ ਦੀਆਂ ਚਾਰ ਕਿਸਮਾਂ—'ਮਟਰ ਅਗੇਤਾ-7', 'ਮਟਰ ਅਗੇਤਾ-8', 'ਪੰਜਾਬ-90' ਅਤੇ 'ਪੰਜਾਬ ਮਿੱਠੀ ਫਲੀ-3'; ਲਸਣ ਦੀ ਇੱਕ ਕਿਸਮ 'PG-18'; ਚੀਨੀ ਗੋਭੀ (Chinese cabbage) ਦੀ ਇੱਕ ਕਿਸਮ; ਅਤੇ ਖੀਰੇ ਦੀਆਂ ਦੋ 'ਪਾਰਥੇਨੋਕਾਰਪਿਕ' (ਬਿਨਾਂ ਬੀਜ ਦੇ ਫਲ ਦੇਣ ਵਾਲੀਆਂ) ਕਿਸਮਾਂ—'ਪੰਜਾਬ ਖੀਰਾ-1' ਅਤੇ ਹਾਈਬ੍ਰਿਡ 'PKH-11' ਵਿਕਸਤ ਕਰਨਾ ਸ਼ਾਮਲ ਹੈ। ਖਾਸ ਤੌਰ 'ਤੇ, 'ਮਟਰ ਅਗੇਤਾ-7' ਨੂੰ ਰਾਸ਼ਟਰੀ ਪੱਧਰ 'ਤੇ ਮਾਨਤਾ ਮਿਲੀ ਹੈ ਅਤੇ ਮੱਧ ਪ੍ਰਦੇਸ਼ ਵਿੱਚ ਮਟਰ ਹੇਠਲੇ ਕੁੱਲ ਰਕਬੇ ਦੇ 70 ਫੀਸਦੀ ਤੋਂ ਵੱਧ ਹਿੱਸੇ ਵਿੱਚ ਇਸੇ ਕਿਸਮ ਦੀ ਕਾਸ਼ਤ ਕੀਤੀ ਜਾਂਦੀ ਹੈ। ਉਨ੍ਹਾਂ ਦੀਆਂ ਮਟਰ ਅਤੇ ਖੀਰੇ ਦੀਆਂ ਕਿਸਮਾਂ ਦੀ ਲੋਕਪ੍ਰਿਯਤਾ ਨੂੰ ਦੇਖਦੇ ਹੋਏ, PAU ਨੇ ਨਿੱਜੀ ਬੀਜ ਕੰਪਨੀਆਂ ਨਾਲ ਸਮਝੌਤੇ (MoAs) ਕੀਤੇ ਹਨ ਤਾਂ ਜੋ ਇਨ੍ਹਾਂ ਕਿਸਮਾਂ ਨੂੰ ਕਿਸਾਨਾਂ ਤੱਕ ਵਧੇਰੇ ਆਸਾਨੀ ਨਾਲ ਪਹੁੰਚਾਇਆ ਜਾ ਸਕੇ।

ਡਾ. ਢੱਲ ਦੀਆਂ ਅਕਾਦਮਿਕ ਪ੍ਰਾਪ ਉਨ੍ਹਾਂ ਦੇ ਯੋਗਦਾਨ ਸਦਕਾ ਉਨ੍ਹਾਂ ਨੂੰ ਕਈ ਸਨਮਾਨ ਪ੍ਰਾਪਤ ਹੋਏ ਹਨ, ਜਿਨ੍ਹਾਂ ਵਿੱਚ ਬਾਗਬਾਨੀ (Horticulture) ਦੇ ਖੇਤਰ ਵਿੱਚ ਖੋਜ ਯੋਗਦਾਨ ਲਈ 'ਹੰਸ ਰਾਜ ਪਾਹਵਾ ਅਵਾਰਡ' (2016–17), 'ਇੰਡੀਅਨ ਸੁਸਾਇਟੀ ਆਫ਼ ਵੈਜੀਟੇਬਲ ਸਾਇੰਸ' ਦੀ ਫੈਲੋਸ਼ਿਪ (2021), 'ਸੁਸਾਇਟੀ ਆਫ਼ ਪਲਾਂਟ ਰਿਸਰਚ' ਦੀ ਫੈਲੋਸ਼ਿਪ (2025) ਅਤੇ 'ਸਪਰਿੰਗਰ ਨੇਚਰ' (Springer Nature) ਵੱਲੋਂ 'ਐਡੀਟਰ ਆਫ਼ ਡਿਸਟਿੰਕਸ਼ਨ ਅਵਾਰਡ' (2026) ਸ਼ਾਮਲ ਹਨ।

ਅੰਤਰਰਾਸ਼ਟਰੀ ਵਿਗਿਆਨਕ ਭਾਈਚਾਰੇ ਵਿੱਚ ਇੱਕ ਸਰਗਰਮ ਯੋਗਦਾਨ ਪਾਉਣ ਵਾਲੇ, ਡਾ. ਢੱਲ ਨੇ ਪ੍ਰਮੁੱਖ ਪ੍ਰਕਾਸ਼ਕਾਂ ਲਈ 150 ਤੋਂ ਵੱਧ ਖੋਜ ਹੱਥ-ਲਿਖਤਾਂ ਦੀ ਸਮੀਖਿਆ ਕੀਤੀ ਹੈ, ਜਿਨ੍ਹਾਂ ਵਿੱਚ ਸਪ੍ਰਿੰਗਰ ਨੇਚਰ, ਐਲਸੇਵੀਅਰ, ਟੇਲਰ ਅਤੇ ਫਰਾਂਸਿਸ, ਵਿਲੀ ਅਤੇ ਆਕਸਫੋਰਡ ਅਕਾਦਮਿਕ ਸ਼ਾਮਲ ਹਨ। ਉਹ ਬੀਐਮਸੀ ਪਲਾਂਟ ਬਾਇਓਲੋਜੀ ਦੇ ਸੰਪਾਦਕੀ ਬੋਰਡ ਵਿੱਚ ਵੀ ਸੇਵਾ ਨਿਭਾਉਂਦੇ ਹਨ। ਉਨ੍ਹਾਂ ਨੇ ਨੈਸ਼ਨਲ ਬਿਊਰੋ ਆਫ਼ ਪਲਾਂਟ ਜੈਨੇਟਿਕ ਰਿਸੋਰਸਿਜ਼ (ਐਨਬੀਪੀਜੀਆਰ), ਨਵੀਂ ਦਿੱਲੀ ਵਿਖੇ ਪਲਾਂਟ ਜਰਮਪਲਾਜ਼ਮ ਰਜਿਸਟ੍ਰੇਸ਼ਨ ਲਈ 100 ਤੋਂ ਵੱਧ ਐਕਸੈਸਸ਼ਨਾਂ ਦਾ ਮੁਲਾਂਕਣ ਕਰਨ ਵਿੱਚ ਇੱਕ ਮਾਹਰ ਵਜੋਂ ਸੇਵਾ ਨਿਭਾਈ ਹੈ।

ਡਾ. ਢੱਲ ਨੂੰ ਉਨ੍ਹਾਂ ਦੀ ਪ੍ਰਾਪਤੀ 'ਤੇ ਵਧਾਈ ਦਿੰਦੇ ਹੋਏ, ਪੀਏਯੂ ਦੇ ਵਾਈਸ-ਚਾਂਸਲਰ ਸ਼੍ਰੀ ਸੁਖਜੀਤ ਪਾਲ ਸਿੰਘ, ਆਈਏਐਸ ਨੇ ਨਿਰੰਤਰ ਖੋਜ ਉੱਤਮਤਾ ਦੀ ਸ਼ਲਾਘਾ ਕੀਤੀ ਜਿਸਨੇ ਯੂਨੀਵਰਸਿਟੀ ਨੂੰ ਅੰਤਰਰਾਸ਼ਟਰੀ ਮਾਨਤਾ ਦਿੱਤੀ ਹੈ। ਡਾ. ਅਜਮੇਰ ਸਿੰਘ ਢੱਟ, ਖੋਜ ਨਿਰਦੇਸ਼ਕ; ਡਾ. ਰਿਸ਼ੀ ਇੰਦਰ ਸਿੰਘ ਗਿੱਲ, ਡੀਨ, ਕਾਲਜ ਆਫ਼ ਹਾਰਟੀਕਲਚਰ ਐਂਡ ਫੋਰੈਸਟਰੀ; ਅਤੇ ਡਾ. ਸਤਪਾਲ ਸ਼ਰਮਾ, ਮੁਖੀ, ਵੈਜੀਟੇਬਲ ਸਾਇੰਸ ਵਿਭਾਗ ਨੇ ਵੀ ਡਾ. ਢੱਲ ਨੂੰ ਵਧਾਈ ਦਿੱਤੀ, ਸਬਜ਼ੀਆਂ ਦੀ ਫਸਲ ਸੁਧਾਰ ਅਤੇ ਵਿਗਿਆਨਕ ਖੋਜ ਨੂੰ ਕਿਸਾਨ ਭਾਈਚਾਰੇ ਲਈ ਵਿਹਾਰਕ ਲਾਭਾਂ ਵਿੱਚ ਅਨੁਵਾਦ ਕਰਨ ਵਿੱਚ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ।

## ਅੱਸੂ ਦੇ ਚੌਥੇ ਨਰਾਤੇ ਮੌਕੇ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ 'ਚ ਕਰੀਬ 45 ਹਜ਼ਾਰ ਸ਼ਰਧਾਲੂਆਂ ਵੱਲੋਂ ਦਰਸ਼ਨ

### ਮੰਦਿਰ ਦਰਸ਼ਨ ਲਈ ਲਾਇਨਾਂ, ਧਾਰਮਿਕ ਭਜਨ, ਹਵਨ, ਸੁਰੱਖਿਆ, ਲੰਗਰ, ਵੀਲ੍ਹ ਚੇਅਰ, ਹੈਲਪ ਡੈਸਕ, ਸਾਫ਼-ਸਫ਼ਾਈ ਸਮੇਤ ਹੋਰ ਸਾਰੇ ਪ੍ਰਬੰਧ ਪੁਖ਼ਤਾ

### ਐਡਵਾਇਜਰੀ ਮੈਨੇਜਿੰਗ ਕਮੇਟੀ ਵੱਲੋਂ ਕੀਤੇ ਵਿਆਪਕ ਪ੍ਰਬੰਧਾਂ ਦੀ ਸ਼ਰਧਾਲੂਆਂ ਨੇ ਕੀਤੀ ਸ਼ਲਾਘਾ

ਪਟਿਆਲਾ, 15 ਅਕਤੂਬਰ:ਪਟਿਆਲਾ ਦੇ ਇਤਿਹਾਸਕ ਤੇ ਪੁਰਾਤਨ ਮੰਦਿਰ ਮਾਤਾ ਸ੍ਰੀ ਕਾਲੀ ਦੇਵੀ ਵਿਖੇ ਚੱਲ ਰਹੇ ਅੱਸੂ ਦੇ ਚੌਥੇ ਨਰਾਤੇ ਮੌਕੇ ਕਰੀਬ 45000 ਹਜ਼ਾਰ ਸ਼ਰਧਾਲੂ ਪੁੱਜੇ ਤੇ ਸ਼ਰਧਾ ਨਾਲ ਮੰਦਿਰ ਵਿਖੇ ਨਤਮਸਤਕ ਹੋਏ। ਇਸ ਕਰਕੇ ਮੰਦਿਰ ਵਿਖੇ ਵੱਡੀ ਗਿਣਤੀ ਪੁੱਜ ਰਹੇ ਸ਼ਰਧਾਲੂਆਂ ਦੀ ਸਹੂਲਤ ਲਈ ਮੰਦਿਰ ਦੀ ਐਡਵਾਇਜਰੀ ਮੈਨੇਜਿੰਗ ਕਮੇਟੀ ਵੱਲੋਂ ਵਿਆਪਕ ਪ੍ਰਬੰਧ ਕੀਤੇ ਗਏ ਹਨ, ਇਨ੍ਹਾਂ ਪ੍ਰਬੰਧਾਂ ਦੀ ਸ਼ਰਧਾਲੂਆਂ ਵੱਲੋਂ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ।

ਆਪਣੇ ਪਰਿਵਾਰ ਸਮੇਤ ਮੰਦਿਰ ਪੁੱਜੀ ਵਾਸੀ ਇੱਕ ਮਹਿਲਾ ਸ਼ਰਧਾਲੂ ਭਾਵਨਾ ਨੇ ਕਿਹਾ ਕਿ ਉਹ ਪਿਛਲੇ ਕਈ ਸਾਲਾਂ ਤੋਂ ਮੰਦਿਰ ਆ ਰਹੇ ਹਨ ਪਰੰਤੂ ਇਸ ਵਾਰ ਦੇ ਪ੍ਰਬੰਧਾਂ ਦੀ ਸਚਮੁੱਚ ਸ਼ਲਾਘਾ ਕਰਨੀ ਬਣਦੀ ਹੈ। ਉਨ੍ਹਾਂ ਕਿਹਾ ਕਿ ਸੇਵਾਦਾਰ ਤੇ ਸੁਰੱਖਿਆ ਮੁਲਾਜਮ ਵੱਲੋਂ ਸ਼ਰਧਾਲੂਆਂ ਨੂੰ ਪੂਰਾ ਗਾਇਡ ਕੀਤਾ ਜਾਂਦਾ ਹੈ।



ਪਟਿਆਲਾ ਦੀ ਹੀ ਹਰਵਿੰਦਰ ਕੌਰ ਨੇ ਮੰਦਿਰ 'ਚ ਚੱਲਦੇ ਧਾਰਮਿਕ ਭਜਨਾਂ ਦੀ ਗੱਲ ਕਰਦਿਆਂ ਕਿਹਾ ਕਿ ਅਧਿਆਤਮਕ ਮਾਹੌਲ ਸਿਰਜਿਆ ਗਿਆ ਸਭਨਾ ਨੂੰ ਮਾਤਾ ਦੀ ਭਗਤੀ 'ਚ ਲੀਨ ਕਰਦਾ ਹੈ। ਪਾਤੜਾਂ ਤੋਂ ਆਏ ਸ਼ਰਧਾਲੂ ਗੋਬਿੰਦ ਸਿੰਘ ਨੇ ਕਿਹਾ ਕਿ ਉਹ ਦਿਵਿਆਂਗ ਹੋਣ ਕਰਕੇ ਚੱਲ ਨਹੀਂ ਸਕਦੇ ਤੇ ਉਨ੍ਹਾਂ ਲਈ ਸੇਵਾਦਾਰਾਂ ਨੇ ਤੁਰੰਤ ਵੀਲ੍ਹਚੇਅਰ ਦਾ ਪ੍ਰਬੰਧ ਕਰਕੇ ਉਨ੍ਹਾਂ ਨੂੰ ਮਾਤਾ ਦੇ ਦਰਸ਼ਨ ਕਰਵਾਏ।

ਪਿੰਡ ਭਾਦਸੋਂ ਤੋਂ ਪੁੱਜੀ ਗੁਰਪ੍ਰੀਤ ਕੌਰ ਨੇ ਸੁਰੱਖਿਆ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੁਸਤੈਦ ਸੁਰੱਖਿਆ ਮੁਲਾਜਮਾਂ ਤੇ ਸੀਸੀਟੀਵੀ ਕੈਮਰਿਆਂ ਕਰਕੇ ਕੋਈ ਮਾੜਾ ਅਨਸਰ ਮੰਦਿਰ 'ਚ ਕੋਈ ਗ਼ਲਤ ਹਰਕਤ ਕਰਦਾ ਤੁਰੰਤ ਕਾਬੂ 'ਚ ਆ ਜਾਵੇਗਾ। ਬਿਸ਼ਨ ਨਗਰ ਦੇ ਰਾਮ ਲਾਲ ਨੇ ਮੰਦਿਰ 'ਚ ਹਵਨ ਕਰਵਾ ਕੇ ਆਪਣੇ ਪਰਿਵਾਰ ਦੀ ਸੁੱਖ ਸ਼ਾਂਤੀ ਦੀ ਕੀਤੀ ਪ੍ਰਾਰਥਨਾ ਬਾਰੇ ਦੱਸਦਿਆਂ ਕਿਹਾ ਕਿ ਮੰਦਿਰ ਪ੍ਰਬੰਧਕਾਂ ਤੇ ਪੁਜਾਰੀਆਂ ਵੱਲੋਂ ਹਵਨ ਦੇ ਪ੍ਰਬੰਧਾਂ ਨੂੰ ਦੇਖਕੇ ਉਨ੍ਹਾਂ ਨੂੰ ਬਹੁਤ ਤਸੱਲੀ ਹੋਈ ਹੈ।ਨਾਭਾ ਦੀ ਭਾਨੂੰਵਤੀ ਨੇ ਮੰਦਿਰ ਵਿਖੇ ਤਿੰਨ ਸਮੇਂ ਵਰਤਾਏ ਜਾਂਦੇ ਭੰਡਾਰੇ 'ਚ ਲੰਗਰ ਛਕਦਿਆਂ ਲੰਗਰ ਦੀ ਗੁਣਵੱਤਾ ਦੀ ਸ਼ਲਾਘਾ ਕੀਤੀ। ਮੰਦਿਰ ਦੇ ਨਵੇਂ ਬਣੇ ਸਵਰੂਪ ਨਾਲ ਲੋਕ ਬਹੁਤ ਖੁਸ਼ ਹੋ ਕੇ ਫੋਟੋਆਂ ਖਿਚਵਾ ਰਹੇ ਹਨ।

ਇਸੇ ਦੌਰਾਨ ਸਲਾਹਕਾਰੀ ਮੈਨੇਜਿੰਗ ਕਮੇਟੀ ਦੇ ਮੈਂਬਰ ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਕੁਮਾਰ ਗੁਪਤਾ ਨੇ ਦੱਸਿਆ ਕਿ ਮੰਦਿਰ 'ਚ ਸ਼ਰਧਾਲੂਆਂ ਵੱਲੋਂ ਦਰਸ਼ਨ ਕਰਨ ਲਈ ਲਾਇਨਾਂ, ਧਾਰਮਿਕ ਭਜਨ, ਹਵਨ, ਸੁਰੱਖਿਆ, ਲੰਗਰ, ਵੀਲ੍ਹ ਚੇਅਰ, 2 ਹੈਲਪ ਡੈਸਕ, ਸਾਫ਼-ਸਫ਼ਾਈ, ਸ਼ਰਧਾਲੂਆਂ ਲਈ ਲੋੜੀਂਦੀ ਜਾਣਕਾਰੀ ਦੀ ਅਨਾਊਂਸਮੈਂਟ, ਮੈਡੀਕਲ ਟੀਮ, ਲੋੜਵੰਦ ਸ਼ਰਧਾਲੂਆਂ ਲਈ ਵੀਲ੍ਹਚੇਅਰ ਦੇ ਵੀ ਪ੍ਰਬੰਧ ਹਨ।

## ਭੂਮੀ ਅਤੇ ਪਾਣੀ ਇੰਜਨੀਅਰਿੰਗ ਵਿਭਾਗ ਦੇ ਵਿਦਿਆਰਥੀਆਂ ਅਤੇ ਮਾਹਿਰਾਂ ਨੇ ਰਾਸ਼ਟਰੀ ਪੱਧਰ ਤੇ ਇਨਾਮ ਜਿੱਤੇ

ਲੁਧਿਆਣਾ 15 ਅਕਤੂਬਰ : ਪੀ.ਏ.ਯੂ. ਦੇ ਭੂਮੀ ਅਤੇ ਪਾਣੀ ਇੰਜਨੀਅਰਿੰਗ ਵਿਭਾਗ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਬੀਤੇ ਦਿਨੀਂ ਖੇਤੀ ਇੰਜਨੀਅਰਾਂ ਬਾਰੇ ਭਾਰਤੀ ਸੁਸਾਇਟੀ ਦੀ 60ਵੀਂ ਸਲਾਨਾ ਇਕੱਤਰਤਾ ਵਿਚ 4 ਇਨਾਮ ਜਿੱਤੇ| ਇਹ ਇਕੱਤਰਤਾ ਸ਼ੇਰੇ ਕਸ਼ਮੀਰ ਯੂਨੀਵਰਸਿਟੀ ਸ਼੍ਰੀਨਗਰ ਵਿਚ ਆਯੋਜਿਤ ਕੀਤੀ ਗਈ ਸੀ|



ਵਿਭਾਗ ਦੇ ਪ੍ਰੋਫੈਸਰ ਡਾ. ਅਬਰਾਰ ਯੂਸਫ ਨੇ ਜ਼ੁਬਾਨੀ ਪੇਪਰ ਪੇਸ਼ਕਾਰੀ ਦੇ ਵਰਗ ਵਿਚ ਪਹਿਲਾ ਇਨਾਮ ਹਾਸਲ ਕੀਤਾ| ਉਹਨਾਂ ਨੇ ਧਰਤੀ ਹੇਠਲੇ ਪਾਣੀ ਦੇ ਪੱਧਰ ਵਾਧੇ ਲਈ ਮੀਂਹ ਦੇ ਪਾਣੀ ਦੀ ਵਰਤੋਂ ਦੀ ਪੈਮਾਇਸ਼ ਬਾਰੇ ਆਪਣਾ ਪੇਪਰ ਐੱਮ ਜੇ ਸਿੰਘ, ਡੈਨੀਅਲ ਖੰਨਾ, ਐੱਮ ਏ ਭੱਟ ਅਤੇ ਐੱਮ ਏ ਦਰਵੇਸ਼ ਨਾਲ ਸਾਂਝੇ ਰੂਪ ਵਿਚ ਲਿਖਿਆ ਸੀ| ਇਸੇ ਤਰ੍ਹਾਂ ਵਿਭਾਗ ਦੇ ਵਿਗਿਆਨੀ ਡਾ. ਪ੍ਰਵੀਨ ਦਹੀਫਾਲੇ ਨੇ ਰਿਮੋਟ ਸੈਂਸਿੰਗ ਅਤੇ ਜੀਓਸਪੇਸ਼ਲ ਬੌਧਿਕਤਾ ਦੇ ਵਰਗ ਵਿਚ ਜ਼ੁਬਾਨੀ ਪੇਪਰ ਪੇਸ਼ ਕਰਕੇ ਪਹਿਲਾ ਇਨਾਮ ਹਾਸਲ ਕੀਤਾ|

ਪੀ ਐੱਚ ਡੀ ਦੇ ਵਿਦਿਆਰਥੀ ਆਯੁਸ਼ੀ ਝਾਅ ਨੇ ਡਾ. ਸੁਨੀਲ ਗਰਗ ਦੀ ਨਿਗਰਾਨੀ ਹੇਠ ਵਿਦਿਆਰਥੀਆਂ ਦੀ ਪੇਪਰ ਪੇਸ਼ਕਾਰੀ ਵਰਗ ਵਿਚ ਸਮਾਰਟ ਸਿੰਚਾਈ ਅਤੇ ਖਾਦ ਸਿੰਚਾਈ ਵਿਸ਼ੇ ਤੇ ਪੇਪਰ ਲਿਖ ਕੇ ਪਹਿਲਾ ਇਨਾਮ ਜਿੱਤਿਆ| ਉਹਨਾਂ ਦੇ ਸਹਿ ਲੇਖਕ ਸੁਨੀਲ ਗਰਗ ਨਿਖਿਲ ਗਲੈਡਵਿਨ ਕਟਿੰਗ ਅਤੇ ਰਾਕੇਸ਼ ਸ਼ਾਰਦਾ ਸਨ| ਇਸੇ ਤਰ੍ਹਾਂ ਪੀ ਐੱਚ ਡੀ ਦੇ ਵਿਦਿਆਰਥੀ ਸੁਖਮਨਦੀਪ ਕੌਰ ਬਰਾੜ ਨੇ ਪੇਪਰ ਪੇਸ਼ਕਾਰੀ ਵਿਚ ਪਹਿਲਾ ਇਨਾਮ ਹਾਸਲ ਕੀਤਾ|

ਪੀ.ਏ.ਯੂ. ਦੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ, ਡਾ. ਮਨਜੀਤ ਸਿੰਘ, ਡੀਨ ਪੋਸਟ ਗ੍ਰੈਜੁਏਟ ਸਟੱਡੀਜ਼ ਡਾ. ਹਰਮਿੰਦਰ ਸਿੰਘ, ਖੇਤੀ ਇੰਜਨੀਅਰਿੰਗ ਕਾਲਜ ਦੇ ਡੀਨ ਡਾ. ਮਨਜੀਤ ਸਿੰਘ ਅਤੇ ਵਿਭਾਗ ਦੇ ਮੁਖੀ ਡਾ. ਸੁਨੀਲ ਗਰਗ ਨੇ ਇਹਨਾਂ ਵਿਗਿਆਨੀਆਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ|

## ਪਰਾਲੀ ਨਾ ਸਾੜਨ ਵਾਲੇ ਪਟਿਆਲਾ ਜ਼ਿਲ੍ਹੇ ਦੇ 22 ਕਿਸਾਨਾਂ ਦਾ 'ਵਾਤਾਵਰਣ ਦੇ ਰਾਖੇ' ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨ

### ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਦੀ ਉੱਚੀ ਸੋਚ ਹੋਰਨਾਂ ਲਈ ਬਣੀ ਮਾਰਗਦਰਸ਼ਕ-ਅਨੁਪ੍ਰਿਤਾ ਜੌਹਲ

### ਸੁਚੱਜਾ ਪਰਾਲੀ ਪ੍ਰਬੰਧਨ ਕਰਨ ਵਾਲੇ ਕਿਸਾਨਾਂ ਨੇ ਕਿਹਾ, ਪਰਾਲੀ ਨਾ ਸਾੜਨ ਦੇ ਹਨ ਅਨੇਕਾਂ ਲਾਭ

ਪਟਿਆਲਾ, 15 ਅਕਤੂਬਰ : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਅੱਜ ਪਰਾਲੀ ਨਾ ਸਾੜਨ ਵਾਲੇ ਪਟਿਆਲਾ ਜ਼ਿਲ੍ਹੇ ਦੇ 22 ਕਿਸਾਨਾਂ ਨੂੰ 'ਵਾਤਾਵਰਣ ਦੇ ਰਾਖੇ' ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਤਰਫ਼ੋਂ ਕਿਸਾਨਾਂ ਨੂੰ ਪ੍ਰਸ਼ੰਸਾ ਪੱਤਰ ਪ੍ਰਦਾਨ ਕਰਦਿਆਂ ਏਡੀਸੀ (ਜ) ਅਨੁਪ੍ਰਿਤਾ ਜੌਹਲ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।




ਉਨ੍ਹਾਂ ਕਿਹਾ ਕਿ ਕਿਸਾਨ ਝੋਨੇ ਦੀ ਪਰਾਲੀ ਅਤੇ ਹੋਰ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਦੀ ਬਜਾਏ ਖੇਤਾਂ ਵਿੱਚ ਹੀ ਵਾਹ ਕੇ ਮਿੱਟੀ ਵਿੱਚ ਮਿਲਾਉਣ ਜਾਂ ਬੇਲਰਾਂ ਦੀ ਮਦਦ ਨਾਲ ਖੇਤਾਂ ਵਿੱਚੋਂ ਬਾਹਰ ਕੱਢਣ, ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਦੇ ਨਾਲ-ਨਾਲ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਵੀ ਬਰਕਰਾਰ ਰੱਖਿਆ ਜਾ ਸਕੇ। ਇਸ ਮੌਕੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਤੋਂ ਏਈਓ ਰਵਿੰਦਰਪਾਲ ਸਿੰਘ ਚੱਠਾ ਅਤੇ ਏਈਈ ਪ੍ਰਭਦੀਪ ਸਿੰਘ ਵੀ ਮੌਜੂਦ ਸਨ।

ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਪਰਾਲੀ ਨਾ ਸਾੜਨ ਵਾਲੇ ਕਿਸਾਨਾਂ ਦੀ ਅਗਾਂਹਵਧੂ ਸੋਚ ਹੋਰਨਾਂ ਕਿਸਾਨਾਂ ਲਈ ਮਾਰਗਦਰਸ਼ਕ ਬਣ ਰਹੀ ਹੈ। ਉਨ੍ਹਾਂ ਸਨਮਾਨਿਤ ਕੀਤੇ ਗਏ ਸਾਰੇ 22 ਕਿਸਾਨਾਂ ਨੂੰ ਵਧਾਈ ਦਿੰਦਿਆਂ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਦੇ ਹੋਰਨਾਂ ਕਿਸਾਨਾਂ ਨੂੰ ਵੀ ਪਰਾਲੀ ਸਾੜਨ ਦੀ ਬਜਾਏ ਇਸ ਦੇ ਸੁਚੱਜੇ ਪ੍ਰਬੰਧਨ ਲਈ ਪ੍ਰੇਰਿਤ ਕਰਨ, ਤਾਂ ਜੋ ਸਾਂਝੇ ਯਤਨਾਂ ਨਾਲ ਸਾਫ਼-ਸੁਥਰੇ ਵਾਤਾਵਰਣ ਦੀ ਸਿਰਜਣਾ ਕੀਤੀ ਜਾ ਸਕੇ।

ਸੁਚੱਜਾ ਪਰਾਲੀ ਪ੍ਰਬੰਧਨ ਕਰਨ ਵਾਲੇ ਕਿਸਾਨਾਂ ਨੇ ਵੀ ਇਸ ਦੇ ਲਾਭ ਸਾਂਝੇ ਕਰਦਿਆਂ ਕਿਹਾ ਕਿ ਪਰਾਲੀ ਨਾ ਸਾੜਨ ਨਾਲ ਵਾਤਾਵਰਣ ਦੀ ਸੰਭਾਲ ਹੁੰਦੀ ਹੈ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਵਿੱਚ ਮਦਦ ਮਿਲਦੀ ਹੈ।

ਸਨਮਾਨਿਤ ਕਿਸਾਨਾਂ ਵਿੱਚ ਅਮਨਦੀਪ ਸਿੰਘ ਸੁਲਤਾਨਪੁਰ, ਨਛੱਤਰ ਸਿੰਘ ਗੱਜੂਮਾਜਰਾ, ਅਮਰੀਕ ਸਿੰਘ ਕਕਰਾਲਾ, ਪ੍ਰਗਟ ਸਿੰਘ ਸ਼ੇਖੂਪੁਰ, ਗੁਰਬਚਨ ਸਿੰਘ ਅਤੇ ਬਿੱਕਰ ਸਿੰਘ ਪਿੰਡ ਚਲੈਲਾ ਤੋਂ, ਅਰਸ਼ਦੀਪ ਸਿੰਘ ਅਤੇ ਸੁਖਵਿੰਦਰ ਸਿੰਘ ਪਿੰਡ ਰੇਤਗੜ੍ਹ ਤੋਂ, ਬਖ਼ਸ਼ੀਸ਼ ਸਿੰਘ ਕੌਲੀ, ਸਰਬਜੀਤ ਸਿੰਘ ਮੋਹਬੱਤਪੁਰ, ਹਰਿੰਦਰ ਸਿੰਘ ਰਾਮਗੜ੍ਹ, ਬੁੱਧ ਸਿੰਘ ਦਿਆਗੜ੍ਹ, ਹਰਦੀਪ ਸਿੰਘ ਅਲੌਹਰਾਂ, ਅੱਛਰ ਸਿੰਘ ਬਿਰੜਵਾਲ, ਜਸਵਿੰਦਰ ਸਿੰਘ ਮੱਲ੍ਹੇਵਾਲ, ਜਗਜੀਤ ਸਿੰਘ ਟੋਡਰਵਾਲ, ਬਲਵਿੰਦਰ ਸਿੰਘ ਗਲਵੱਟੀ, ਕੀਮਤ ਸਿੰਘ ਢੀਂਗੀ, ਨਵਜੋਤ ਸਿੰਘ ਕਮੇਲੀ, ਮਨਜੀਤ ਸਿੰਘ ਖੋਖ, ਹਰਦੇਵ ਸਿੰਘ ਬਨੇਰਾ ਖੁਰਦ ਅਤੇ ਧਰਮਜੀਤ ਸਿੰਘ ਪਿੰਡ ਆਲੋਵਾਲ ਤੋਂ ਸ਼ਾਮਲ ਹਨ।

## ਭਾਸ਼ਾ ਵਿਭਾਗ ਪੰਜਾਬ ਵੱਲੋਂ ਡਾ. ਬਲਬੀਰ ਸਿੰਘ ਸਾਹਿਤ ਕੇਂਦਰ ਦੇਹਰਾਦੂਨ (ਪੰਜਾਬੀ ਯੂਨੀਵਰਸਿਟੀ ਕੈਂਪਸ) ਵਿਖੇ ਦੋ ਦਿਨਾਂ ਅੰਤਰਰਾਜੀ ਸਾਹਿਤਕ ਪ੍ਰੋਗਰਾਮ /ਕਵੀ ਦਰਬਾਰ ਆਯੋਜਿਤ ਕੀਤਾ ਗਿਆ।



ਦੇਹਰਾਦੂਨ 15 ਅਕਤੂਬਰ : ਇਸ ਵਿੱਚ ਪਹਿਲੇ ਸੈਸ਼ਨ ਵਿੱਚ ਭਾਈ ਵੀਰ ਸਿੰਘ ਜੀ ਦੀ ਸ਼ਖਸ਼ੀਅਤ ਤੇ ਸਾਹਿਤ ਸਿਰਜਣਾ ਬਾਰੇ ਵਿਚਾਰ ਭਰਪੂਰ ਗੋਸ਼ਟੀ ਕੀਤੀ ਗਈ ਜਿਸ ਵਿੱਚ ਪ੍ਰੋ. ਅਮਰਜੀਤ ਸਿੰਘ ਅਤੇ ਪ੍ਰੋ. ਕਮਲਬੀਰ ਸਿੰਘ ਨੇ ਭਾਈ ਵੀਰ ਸਿੰਘ ਜੀ 'ਤੇ ਖੋਜ ਭਰਪੂਰ ਵਿਚਾਰ ਸਾਂਝੇ ਕੀਤੇ। ਸ. ਨਰਿੰਦਰ ਜੀਤ ਸਿੰਘ ਬਿੰਦਰਾ, ਚੇਅਰਮੈਨ ਸ੍ਰੀ ਹੇਮਕੁੰਟ ਸਾਹਿਬ ਟਰੱਸਟ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ ਅਤੇ ਡਾ. ਜਗਦੀਪ ਸਿੰਘ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਮੁੱਖ ਮਹਿਮਾਨ ਸਨ।

ਇਸ ਮੌਕੇ ਕਰਵਾਏ ਗਏ ਕਵੀ ਦਰਬਾਰ ਵਿੱਚ ਪੰਜਾਬ ਹਰਿਆਣਾ ਅਤੇ ਉੱਤਰਾਖੰਡ ਦੇ ਨਾਮਵਰ ਪੰਜਾਬੀ ਸ਼ਾਇਰਾਂ ਨੇ ਚੰਗਾ ਰੰਗ ਬੰਨ੍ਹਿਆ । ਇਸ ਕਵੀ ਦਰਬਾਰ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਅਤੇ ਸਾਹਿਤ ਅਕਾਦਮੀ ਪੁਰਸਕਾਰ ਜੇਤੂ ਸ਼ਾਇਰ ਦਰਸ਼ਨ ਬੁੱਟਰ ਸਹਿਤ ਬਲਵਿੰਦਰ ਸੰਧੂ , ਡਾਕਟਰ ਸੁਦਰਸ਼ਨ ਗਾਸੋ ਗੁਰਚਰਨ ਸਿੰਘ 'ਜੋਗੀ', ਡਾਕਟਰ ਗੁਰਪ੍ਰੀਤ ਕੌਰ ਅੰਬਾਲਾ, ਡਾ. ਸੰਤੋਖ ਸੁਖੀ, ਮਨਜੀਤ ਪੁਰੀ ਡਾ. ਸੰਦੀਪ ਸ਼ਰਮਾ , ਡਾ. ਅਜੀਤਪਾਲ ਜਟਾਣਾ ਮੋਗਾ, ਪ੍ਰੋ. ਰਾਜੇਸ਼ ਮੋਹਨ ਫਰੀਦਕੋਟ,ਤਰਸੇਮ ਬਰਨਾਲ਼ਾ , ਹਰਪ੍ਰੀਤ ਸਿੰਘ ਲਿਖਾਰੀ, ਕੁਮਾਰ ਜਗਦੇਵ, ਗੁਰਪ੍ਰੀਤ ਮਾਨਸਾ, ਅੱਖਰ ਮੈਗਜ਼ੀਨ ਦੇ ਸੰਪਾਦਕ ਅਵਤਾਰ ਜੀਤ ਅਟਵਾਲ , ਰਾਜੇਸ਼ ਅਨੰਦ ਦੇਹਰਾਦੂਨ, ਦੀਪਕ ਅਰੋੜਾ ਦੇਹਰਾਦੂਨ, ਅੰਬਰ ਖਰਬੰਦਾ ਦੇਹਰਾਦੂਨ , ਪ੍ਰੇਮ ਸਾਹਿਲ ਦੇਹਰਾਦੂਨ ਅਤੇ ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਸਰਦਾਰ ਜਸਵੰਤ ਸਿੰਘ ਜ਼ਫ਼ਰ ਨੇ ਚਿੰਤਨ ਭਰਪੂਰ ਕਵਿਤਾਵਾਂ ਪੇਸ਼ ਕਰ ਕੇ ਚੰਗਾ ਪ੍ਰਭਾਵ ਸਿਰਜਿਆ।

ਦੇਹਰਾਦੂਨ ਨਿਵਾਸੀ ਪ੍ਰਿੰਸੀਪਲ ਉਦੈ ਠਾਕੁਰ ਦੁਆਰਾ ਡਾ ਸੁਦਰਸ਼ਨ ਗਾਸੋ ਦੀਆਂ ਕਵਿਤਾਵਾਂ ਦੇ ਨੇਪਾਲੀ ਭਾਸ਼ਾ ਵਿੱਚ ਅਨੁਵਾਦਿਤ ਕਾਵਿ ਸੰਗ੍ਰਹਿ ' ਖੁਸ਼ੀ ਕੋ ਇੰਦਰੈਨੀ' ਭਾਸ਼ਾ ਵਿਭਾਗ ਦੇ ਡਾਇਰੈਕਟਰ ਸਰਦਾਰ ਜਸਵੰਤ ਸਿੰਘ ਜ਼ਫ਼ਰ ਨੇ ਲੋਕ ਅਰਪਣ ਕੀਤਾ। ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ ਚਾਂਸਲਰ ਡਾਕਟਰ ਜਗਦੀਪ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਯੂਨੀਵਰਸਿਟੀ ਭਾਈ ਵੀਰ ਸਿੰਘ ਦੀ ਯਾਦ ਵਿੱਚ ਆਪਣੇ ਕੈਂਪਸ ਵਿਖੇ ਇੱਕ ਮਿਊਜ਼ੀਅਮ ਬਣਾਉਣ ਦੀ ਯੋਜਨਾ ਬਣਾ ਰਹੀ ਹੈ।

ਦੂਸਰੇ ਦਿਨ ਸਰਦਾਰ ਭਗਵਾਨ ਸਿੰਘ ਯੂਨੀਵਰਸਿਟੀ ਦੇਹਰਾਦੂਨ ਵਿਖੇ ਪੰਜਾਬੀ ਦੇ ਹਰਮਨ ਪਿਆਰੇ ਗਾਇਕਾਂ ਯਾਕੂਬ ਗਿੱਲ ਅਤੇ ਰੰਗਲੇ ਸਰਦਾਰ ਗਰੁੱਪ ਨੇ ਪੰਜਾਬੀ ਸੱਭਿਆਚਾਰ ਦੀ ਸ਼ਾਨਦਾਰ ਪੇਸ਼ਕਾਰੀ ਕਰਕੇ ਸਾਰਿਆਂ ਦਾ ਦਿਲ ਜਿੱਤ ਲਿਆ। ਮੰਚ ਸੰਚਾਲਨ ਡਾਕਟਰ ਸੁਖਦਰਸ਼ਨ ਚਹਿਲ ਅਤੇ ਡਾਕਟਰ ਮਨਜਿੰਦਰ ਸਿੰਘ ਨੇ ਬਾਖੂਬੀ ਨਿਭਾਇਆ। ਤੀਸਰੇ ਦਿਨ ਕੁਦਰਤ ਪ੍ਰੇਮੀ ਕਵੀਆਂ ਨੇ ਮਸੂਰੀ ਦੀਆਂ ਵਾਦੀਆਂ ਦੀ ਖੂਬਸੂਰਤੀ ਨਿਹਾਰਨ ਵੱਲ ਰੁੱਖ ਕੀਤਾ। ਹਰਿਆਣਾ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਅਤੇ ਪ੍ਰਸਿੱਧ ਕਵੀ ਡਾ. ਸੁਦਰਸ਼ਨ ਗਾਸੋ, ਸ਼ਾਇਰ ਗੁਰਚਰਨ ਸਿੰਘ 'ਜੋਗੀ', ਤਰਸੇਮ ਬਰਨਾਲਾ, ਡਾ. ਮਨਜਿੰਦਰ ਸਿੰਘ ਅਤੇ ਹੋਰਾਂ ਨੇ ਮਸੂਰੀ ਪੁਸਤਕਾਂ ਦੀ ਉਸ ਦੁਕਾਨ ਉੱਤੇ ਪਹੁੰਚ ਕੇ ਸਾਹਿਤਕ ਪੁਸਤਕਾਂ ਖਰੀਦੀਆਂ, ਜਿੱਥੇ ਅੰਗਰੇਜ਼ੀ ਦੇ ਪ੍ਰਸਿੱਧ ਸਾਹਿਤਕਾਰ ਰਸਕਿਨ ਬੌਂਡ ਆਪਣੇ ਪਾਠਕਾਂ ਨਾਲ ਸ਼ਾਮ ਨੂੰ ਮੁਲਾਕਾਤ ਕਰਦੇ ਸਨ।

ਸਾਹਿਤਿਕ ਗੋਸ਼ਟੀ ਦੇ ਪ੍ਰਚਾਰ ਪ੍ਰਸਾਰ ਤੇ ਰਾਸ਼ਟਰੀ ਏਕਤਾ ਦੇ ਨਜ਼ਰੀਏ ਤੋਂ ਇਹ ਸਾਹਿਤਕ ਯਾਤਰਾ ਅਤੇ ਪ੍ਰੋਗਰਾਮ ਇਤਿਹਾਸਕ ਹੋ ਨਿਬੜਿਆ। ਇਸ ਮੌਕੇ ਹਾਜ਼ਰ ਸਾਹਿਤਕਾਰਾਂ ਨੇ ਸ਼ਾਇਰ ਦਰਸ਼ਨ ਬੁੱਟਰ ਦੀ ਅਗਵਾਈ ਵਿੱਚ ਭਾਸ਼ਾ ਵਿਭਾਗ ਦੇ ਹੱਕ ਵਿੱਚ ਮਤਾ ਪਾਸ ਕੀਤਾ ਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਅਫ਼ਸਰਸ਼ਾਹੀ ਵੱਲੋਂ ਭਾਸ਼ਾ ਦੇ ਰਾਹ ਵਿੱਚ ਡਾਹੇ ਜਾ ਰਹੇ ਅੜਿੱਕਿਆਂ ਨੂੰ ਤੁਰੰਤ ਦੂਰ ਕੀਤਾ ਜਾਵੇ।